# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/2013/530 ਮਿਤੀ: 21/3/13

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

ਪਾਇਨੀਅਰ ਸਕੂਲ

ਫਤਿਹੇਗੜ੍ਹ ਚੂੜੀਆਂ ਰੋਡ ।

ਅੰਮ੍ਰਿਤਸਰ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ,2010 ਦੇ ਨਿਯਮ 15 ਦੇ ਉੱਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਵਿੱਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਮੇਰੇ ਵਲੋਂ ਪਾਇਨੀਅਰ ਸਕੂਲ, ਫਤਿਹੇਗੜ੍ਹ ਚੂੜੀਆਂ ਰੋਡ ਅੰਮ੍ਰਿਤਸਰ, ਸਕੂਲ ਨੂੰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਅਠਵੀਂ ਤੱਕ ਇੱਕ ਸਾਲ ਦੇ ਸਮੇਂ ਲਈ ਅਪ੍ਰੈਲ 2012 ਤੋਂ ਮਾਰਚ 2013 ਤੱਕ ਆਰਜ਼ੀ ਮਾਨਤਾ ਦਿਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।

2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।

3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।

4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।

5. ਸੰਸਥਾ/ ਸਕੂਲ ਕੋਈ ਕੰਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।

6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

ੳ. ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

ਅ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

ੲ. ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ [illegible]

ਹ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ;

ਕ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ, ਪ੍ਰੰਤੂ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਲਾਗੂ ਹੋਣ ਸਮੇਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀਂ ਕਰਦੇ,ਉਹ 5 ਸਾਲ ਦੇ ਅੰਦਰ ਅੰਦਰ ਘੱਟੋ-ਘ ਵਿਦਿਅਕ ਯੋਗਤਾ ਪ੍ਰਾਪਤ ਕਰਨਗੇ।

ਖ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ।

ਗ. ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣ ਕਰੇਗਾ। ਪਿਛਲੀ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ:-

- ਸਕੂਲ ਕੈਂਪਸ ਦਾ ਖੇਤਰ 14520 sqyd ਹੈ।
- ਕੁੱਲ ਇਮਾਰਤ ਅਧੀਨ ਖੇਤਰ 8500 sqyd ਹੈ।
- ਸਕੂਲ ਵਿਚ ਪਾਣੀ ਦਾ ਪ੍ਰਬੰਧ ਹੈ। ਇਸ ਦਾ ਸੋਰਸ ਸਬਮਰਸੀਬਲ ਪੰਪ ਅਤੇ ਆਰ.ਓ ਹੈ।
- ਸਕੂਲ ਵਿੱਚ ਚਾਰ ਦੀਵਾਰੀ ਹੈ।
- ਸਕੂਲ ਦੀ ਇਮਾਰਤ ਹਵਾਦਾਰ ਹੈ।
- ਸਕੂਲ ਵਿੱਚ ਫਰਨੀਚਰ ਦਾ ਪ੍ਰਬੰਧ ਹੈ।
- ਸਕੂਲ ਵਿਚ ਬਿਜਲੀ ਦਾ ਪ੍ਰਬੰਧ ਹੈ।
- ਜਮਾਤਾਂ ਦੇ ਕਮਰਿਆਂ ਦੀ ਗਿਣਤੀ 08 ਹੈ।
- ਸਕੂਲ ਵਿੱਚ 8 ਪਖਾਨੇ 04 ਲੜਕੀਆਂ ਅਤੇ 04 ਲੜਕਿਆ ਲਈ ਬਣੇ ਹੋਏ ਹਨ।
- ਸਕੂਲਮੁਖੀ ਦੇ ਕਮਰੇ ਦਾ ਪ੍ਰਬੰਧ ਹੈ।
- ਬੱਚਿਆ ਸੰਬੰਧੀ ਰਿਕਾਰਡ ਪੂਰਾ ਹੈ।
- ਕੰਮਕਾਜ ਦੇ ਕੁਲ ਦਿਨ 220 ਹਨ।
- ਸਕੂਲ ਵਿਚ 10 ਟ੍ਰੇਂਡ ਅਧਿਆਪਕ ਅਤੇ 01 ਸਕੂਲ ਮੁੱਖੀ ਹੈ ।
- ਸਕੂਲ ਵਿਚ ਟੀ.ਐਲ.ਐਮ ਵਰਤੋਂ ਕੀਤੀ ਜਾਂਦੀ ਹੈ।
- ਸੋਸਇਟੀ ਬਣੀ ਹੋਈ ਹੈ । ਇਸ ਦਾ ਰਜਿਸਟਰੇਸ਼ਨ ਨੰ: 19 ਸਾਲ 2000-01 ਹੈ।
- ਸਕੂਲ ਵਿਚ ਪੌਦੇ / ਦਰਖਤ ਲੱਗੇ ਹਨ।
- ਬਲੈਕਬੋਰਡ ਨਿਰਧਾਰਿਤ ਸਾਇਜ ਵਿੱਚ ਬਣੇ ਹਨ।
- ਸਕੂਲ ਵਿੱਚ ਲਾਇਬ੍ਰੇਰੀ ਦਾ ਪ੍ਰਬੰਧ ਹੈ।
- ਸਕੂਲ ਵਿੱਚ ਕਿਤਾਬਾਂ ਦੀ ਗਿਣਤੀ 1898 ਹੈ।
- ਸਕੂਲ ਵਿਚ ਖੇਡ ਦੇ ਮੈਦਾਨ ਅਤੇ ਸਾਮਾਨ ਦਾ ਪ੍ਰਬੰਧ ਹੈ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸ਼ਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ ਅੰਮ੍ਰਿਤਸਰ-00475 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਜਿਲ੍ਹਾ ਸਿੱਖਿਆ ਅਧਿਕਾਰ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

17. ਦੂਜੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

- ਫਾਇਰ ਸੇਫਟੀ ਸਰਟੀਫਿਕੇਟ ਮੰਜੂਰਸ਼ੁਦਾ ਅਥਾਰਟੀ ਪਾਸੋਂ ਰੀਨਿਊ ਕਰਵਾਕੇ ਸਕੂਲ ਵਿਚ ਰੱਖਿਆ ਜਾਵੇ।
- ਬੱਚਿਆਂ ਸਬੰਧੀ ਰਿਕਾਰਡ ਪੂਰਾ ਕੀਤਾ ਜਾਵੇ।

ਜਿਲਾ ਸਿੱਖਿਆ ਅਫਸਰ (ਐ.ਸਿ)
ਅੰਮ੍ਰਿਤਸਰ।

ਉਪ-ਜਿਲਾ ਸਿੱਖਿਆ ਅਫਸਰ (ਐ.ਸਿ) ,
ਅੰਮ੍ਰਿਤਸਰ।